# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :16-05-2026**

ਸਿੰਡੀਕੇਟਾਂ ਵਿਚੋਂ ਇੱਕ ਦਾ ਪਰਦਾਫਾਸ਼ ਕਰਦਿਆਂ ਲੁਧਿਆਣਾ ਤੇ ਹੋਰ ਥਾਵਾਂ ਤੋਂ 132 ਲੋਕਾਂ ਨੂੰ ਗ੍ਰਿਫਤਾਰ ਕੀਤਾ ਏ । ਦੋਸ਼ੀ ਕਥਿਤ ਤੌਰ 'ਤੇ ਜਾਅਲੀ ਕਾਲ ਸੈਂਟਰ ਚਲਾ ਰਹੇ ਸਨ, ਜੋ ਪੌਪ-ਅੱਪ ਘੁਟਾਲਿਆਂ, ਰਿਮੋਟ ਐਕਸੈਸ ਟੂਲਸ ਤੇ ਜਾਅਲੀ ਬੈਂਕ ਸੁਰੱਖਿਆ ਅਲਰਟ ਰਾਹੀਂ ਵਿਦੇਸ਼ੀ ਨਾਗਰਿਕਾਂ ਸਮੇਤ ਪੀੜਤਾਂ ਨੂੰ ਨਿਸ਼ਾਨਾ ਬਣਾਉਂਦੇ ਸਨ । ਇਸ ਬਾਰੇ ਲੁਧਿਆਣਾ ਦੇ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਨੇ ਕਿਹਾ ਕਿ ਪੁਲਿਸ ਨੇ ਦੋਸ਼ੀਆਂ ਤੋਂ 1 ਕਰੋੜ 7 ਲੱਖ ਰੁਪਏ ਨਕਦ, 98 ਲੈਪਟਾਪ, 229 ਮੋਬਾਈਲ ਫੋਨ ਅਤੇ 19 ਲਗਜ਼ਰੀ ਵਾਹਨ ਜ਼ਬਤ ਕੀਤੇ ਨੇ । ਗ੍ਰਿਫਤਾਰ ਕੀਤੇ ਗਏ ਵਿਅਕਤੀ ਦਿੱਲੀ, ਗੁਰੂਗ੍ਰਾਮ, ਦੇਹਰਾਦੂਨ ਤੇ ਦੱਖਣੀ ਭਾਰਤ ਤੋਂ ਨੇ। ਅਧਿਕਾਰੀਆਂ ਨੇ ਕਿਹਾ ਏ ਕਿ ਗਿਰੋਹ ਖਾਤਿਆਂ ਵਿਚ ਪੈਸੇ ਟ੍ਰਾਂਸਫਰ ਕਰਨ ਲਈ ਬੈਂਕ ਅਧਿਕਾਰੀਆਂ ਦਾ ਰੂਪ ਧਾਰਨ ਕਰ ਲੈਂਦਾ ਸੀ । ਇਸ ਸਬੰਧੀ ਹੋਰ ਜਾਂਚ ਜਾਰੀ ਏ

-----------------------------------------------------------

ਗੁਰਦਾਸਪੁਰ ਵਿਖੇ ਐਸ.ਡੀ.ਐਮ. ਦੀ ਸੇਵਾ ਨਿਭਾਅ ਰਹੇ ਪੀ.ਸੀ.ਐਸ. ਅਧਿਕਾਰੀ ਅਨੁਪ੍ਰੀਤ ਕੌਰ ਰੰਧਾਵਾ ਨੂੰ ਅੱਜ ਸਵੇਰੇ ਪੱਟੀ ਪੁਲਿਸ ਵਲੋਂ ਹਿਰਾਸਤ ਵਿਚ ਲਿਆ ਗਿਆ ਏ। ਸਾਡੇ ਪੱਤਰਕਾਰ ਅਨੁਸਾਰ ਇਸ ਮਾਮਲੇ ਨੂੰ ਜੰਮੂ ਕਸ਼ਮੀਰ- ਰਾਜਸਥਾਨ ਹਾਈਵੇ ਲਈ ਐਕੁਆਇਰ ਕੀਤੀ ਜ਼ਮੀਨ ਵਿਚ ਹੋਏ ਗਬਨ ਨਾਲ ਜੋੜ ਕੇ ਦੇਖਿਆ ਜਾ ਰਿਹਾ ਏ। ਐਸ.ਡੀ.ਐਮ. ਰੰਧਾਵਾ ਤੇ 1 ਕਰੋੜ 63 ਲੱਖ ਰੁਪਏ ਦੇ ਗਬਨ ਦਾ ਕੇਸ ਚੱਲ ਰਿਹਾ ਸੀ। ਸੂਤਰਾਂ ਅਨੁਸਾਰ ਐਸ.ਡੀ.ਐਮ. ਅਨੁਪ੍ਰੀਤ ਕੌਰ ਰੰਧਾਵਾ ਨੂੰ ਪੱਟੀ ਪੁਲਿਸ ਵਲੋਂ ਸਵੇਰੇ ਉਨ੍ਹਾਂ ਦੇ ਸਰਕਾਰੀ ਘਰ ਤੋਂ ਹਿਰਾਸਤ ਵਿਚ ਲਿਆ ਗਿਆ ਏ।

-----------------------------------------------------------

ਮੁੱਖ ਚੋਣ ਅਧਿਕਾਰੀ ਅਨਿੰਦਿਤਾ ਮਿਤਰਾ ਵਲੋਂ ਵਿਸ਼ੇਸ਼ ਤੀਬਰ ਸੋਧ (ਐਸ.ਆਈ.ਆਰ.) ਸਬੰਧੀ ਕੱਲ ਪੰਜਾਬ ਦੀਆਂ ਰਜਿਸਟਰਡ ਤੇ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਪ੍ਰਤੀਨਿਧੀਆਂ ਨਾਲ ਮੀਟਿੰਗ ਕੀਤੀ ਗਈ। ਇਸ ਦੌਰਾਨ ਉਨ੍ਹਾਂ ਅਪੀਲ ਕੀਤੀ ਕਿ ਸਿਆਸੀ ਪਾਰਟੀਆਂ ਐਸ.ਆਈ.ਆਰ. ਸਬੰਧੀ ਬੂਥ ਲੈਵਲ ਏਜੰਟ (ਬੀ.ਐਲ.ਏ.) ਦੀਆਂ ਨਿਯੁਕਤੀਆਂ ਜਲਦ ਤੋਂ ਜਲਦ ਕਰ ਦੇਣ ਤਾਂ ਜੋ ਬੀ.ਐਲ.ਏਜ਼ ਨੂੰ

ਬੀ.ਐਲ.ਓਜ਼ ਦੇ ਨਾਲ ਹੀ ਸਮਾਂ ਰਹਿੰਦਿਆਂ ਟ੍ਰੇਨਿੰਗ ਦਿੱਤੀ ਜਾ ਸਕੇ । ਉਨ੍ਹਾਂ ਕਿਹਾ ਕਿ ਬੀ.ਐਲ.ਏਜ਼ ਦੀ ਭੂਮਿਕਾ ਬਹੁਤ ਅਹਿਮ ਏ ਤੇ ਐਸ.ਆਈ.ਆਰ. ਦੇ ਹਰੇਕ ਪੜਾਅ ਉੱਤੇ ਬੀ.ਐਲ.ਓ. ਵੱਲੋਂ ਬੀ.ਐਲ.ਏ. ਨਾਲ ਜਾਣਕਾਰੀਆਂ ਸਾਂਝੀਆਂ ਕੀਤੀਆਂ ਜਾਣਗੀਆਂ ਤਾਂ ਜੋ ਇਸ ਸਾਰੀ ਪ੍ਰਕਿਰਿਆ ਦੀ ਪਾਰਦਰਸ਼ਤਾ ਬਰਕਰਾਰ ਰਹੇ । ਉਨ੍ਹਾਂ ਰਾਜਨੀਤਿਕ ਪਾਰਟੀਆਂ ਨੂੰ ਕਿਹਾ ਕਿ ਬੀ.ਐਲ.ਏ.-1 ਦੀ ਨਿਯੁਕਤੀ ਸਬੰਧੀ ਵੀ ਪ੍ਰਕਿਰਿਆ ਨੂੰ ਵੀ ਜਲਦ ਮੁਕੰਮਲ ਕਰ ਲਿਆ ਜਾਵੇ । ਸ੍ਰੀਮਤੀ ਮਿਤਰਾ ਨੇ ਕਿਹਾ ਕਿ ਐਸ.ਆਈ.ਆਰ. ਦੀ ਸਮੁੱਚੀ ਪ੍ਰਕਿਰਿਆ ਦੌਰਾਨ ਦਫ਼ਤਰ ਮੁੱਖ ਚੋਣ ਅਫ਼ਸਰ ਪੰਜਾਬ ਰਾਜ ਦੀਆਂ

---

ਰਾਜਨੀਤਿਕ ਪਾਰਟੀਆਂ ਨਾਲ ਲਗਾਤਾਰ ਸੰਪਰਕ ਵਿੱਚ ਰਹੇਗਾ । ਇਸ ਮੌਕੇ ਉਨ੍ਹਾਂ ਵੋਟ ਸਬੰਧੀ ਅਧਿਕਾਰੀ ਬਾਰੇ ਵੀ ਰਾਜਨੀਤਿਕ ਪਾਰਟੀਆਂ ਨੂੰ ਜਾਣੂ ਕਰਵਾਇਆ ।